ਆਸਾ ॥ ਕਾਹੂ ਦੀਨ੍ਹੇ ਪਾਟ ਪਟੰਬਰ ਕਾਹੂ ਪਲਘ ਨਿਵਾਰਾ ॥ ਕਾਹੂ ਗਰੀ ਗੋਦਰੀ ਨਾਹੀ ਕਾਹੂ ਖਾਨ ਪਰਾਰਾ ॥੧॥ ਅਹਿਰਖ ਵਾਦੁ ਨ ਕੀਜੈ ਰੇ ਮਨ ॥ ਸੁਕ੍ਰਿਤੁ ਕਰਿ ਕਰਿ ਲੀਜੈ ਰੇ ਮਨ ॥੧॥ ਰਹਾਉ ॥ ਕੁਮ੍ਹਾਰੈ ਏਕ ਜੁ ਮਾਟੀ ਗੂੰਧੀ ਬਹੁ ਬਿਧਿ ਬਾਨੀ ਲਾਈ ॥ ਕਾਹੂ ਮਹਿ ਮੋਤੀ ਮੁਕਤਾਹਲ ਕਾਹੂ ਬਿਆਧਿ ਲਗਾਈ ॥੨॥ ਸੂਮਹਿ ਧਨੁ ਰਾਖਨ ਕਉ ਦੀਆ ਮੁਗਧੁ ਕਹੈ ਧਨੁ ਮੇਰਾ ॥ ਜਮ ਕਾ ਡੰਡੁ ਮੂੰਡ ਮਹਿ ਲਾਗੈ ਖਿਨ ਮਹਿ ਕਰੈ ਨਿਬੇਰਾ ॥੩॥ ਹਰਿ ਜਨੁ ਊਤਮੁ ਭਗਤੁ ਸਦਾਵੈ ਆਗਿਆ ਮਨਿ ਸੁਖੁ ਪਾਈ ॥ ਜੋ ਤਿਸੁ ਭਾਵੈ ਸਤਿ ਕਰਿ ਮਾਨੈ ਭਾਣਾ ਮੰਨਿ ਵਸਾਈ ॥੪॥ ਕਹੈ ਕਬੀਰੁ ਸੁਨਹੁ ਰੇ ਸੰਤਹੁ ਮੇਰੀ ਮੇਰੀ ਝੂਠੀ ॥ ਚਿਰਗਟ ਫਾਰਿ ਚਟਾਰਾ ਲੈ ਗਇਓ ਤਰੀ ਤਾਗਰੀ ਛੂਟੀ ॥ ੫॥੩॥੧੬॥ ਆਸਾ ॥ {ਪੰਨਾ 479-480}

ਪਦਅਰਥ:- ਪਟੰਬਰ—ਪਟ ਦੇ ਅੰਬਰ, ਪਟ ਦੇ ਕੱਪੜੇ। ਗਰੀ ਗੋਦਰੀ—ਗਲੀ ਹੋਈ ਗੋਦੜੀ, ਜੁੱਲੀ। ਪਰਾਰਾ—ਪਰਾਲੀ। ਖਾਨ—ਘਰਾਂ ਵਿਚ।1।

ਅਹਿਰਖ—ਹਿਰਖ, ਈਰਖਾ, ਗਿਲਾ। ਵਾਦੁ—ਝਗੜਾ। ਸੁਕ੍ਰਿਤੁ—ਨੇਕ ਕਮਾਈ।1। ਰਹਾਉ।

ਬਹੁ ਬਿਧਿ—ਕਈ ਕਿਸਮਾਂ ਦੀ। ਬਾਨੀ—ਰੰਗਤ, ਵੰਨੀ। ਮੁਕਤਾਹਲ—ਮੋਤੀਆਂ ਦੀਆਂ ਮਾਲਾਂ। ਬਿਆਧਿ—ਮਧ, ਸ਼ਰਾਬ ਆਦਿਕ ਰੋਗ ਲਾਣ ਵਾਲੀਆਂ ਚੀਜ਼ਾਂ।2।

ਮੂੰਡ—ਸਿਰ।3।

ਮਨਿ—ਮੰਨ ਕੇ, ਮੰਨਿ। ਸਤਿ—ਅਟੱਲ। ਮੰਨਿ—ਮਨਿ, ਮਨ ਵਿਚ।4।

ਚਿਰਗਟ—ਪਿੰਜਰਾ। ਚਟਾਰਾ—ਚਿੜਾ। ਤਰੀ ਤਾਗਰੀ—ਕੁੱਜੀ ਤੇ ਠੂਠੀ। ਛੂਟੀ—ਛੁੱਟ ਜਾਂਦੀ ਹੈ, ਧਰੀ ਹੀ ਰਹਿ ਜਾਂਦੀ ਹੈ।5।

ਪਦਅਰਥ:- (ਪਰਮਾਤਮਾ ਨੇ) ਕਈ ਬੰਦਿਆਂ ਨੂੰ ਰੇਸ਼ਮ ਦੇ ਕੱਪੜੇ (ਪਾਣ ਨੂੰ) ਦਿੱਤੇ ਹਨ ਤੇ ਨਿਵਾਰੀ ਪਲੰਘ (ਸੌਣ ਨੂੰ); ਪਰ ਕਈ (ਵਿਚਾਰਿਆਂ) ਨੂੰ ਗਲੀ ਹੋਈ ਜੁੱਲੀ ਭੀ ਨਹੀਂ ਮਿਲਦੀ, ਤੇ ਕਈ ਘਰਾਂ ਵਿਚ (ਬਿਸਤਰੇ ਦੇ ਥਾਂ) ਪਰਾਲੀ ਹੀ ਹੈ।1।

(ਪਰ) ਹੇ ਮਨ! ਈਰਖਾ ਤੇ ਝਗੜਾ ਕਿਉਂ ਕਰਦਾ ਹੈਂ? ਨੇਕ ਕਮਾਈ ਕਰੀ ਜਾਹ ਤੇ ਤੂੰ ਭੀ (ਇਹ ਸੁਖ) ਹਾਸਲ ਕਰ ਲੈ।1। ਰਹਾਉ।

ਘੁਮਿਆਰ ਨੇ ਇਕੋ ਹੀ ਮਿੱਟੀ ਗੁੰਨ੍ਹੀ ਤੇ ਉਸ ਨੂੰ ਕਈ ਕਿਸਮ ਦੇ ਰੰਗ ਲਾ ਦਿੱਤੇ (ਭਾਵ, ਕਈ ਵੰਨਗੀਆਂ ਦੇ ਭਾਂਡੇ ਬਣਾ ਦਿੱਤੇ)। ਕਿਸੇ ਭਾਂਡੇ ਵਿਚ ਮੋਤੀ ਤੇ ਮੋਤੀਆਂ ਦੀਆਂ ਮਾਲਾਂ (ਮਨੁੱਖ ਨੇ) ਪਾ ਦਿੱਤੀਆਂ ਤੇ ਕਿਸੇ ਵਿਚ (ਸ਼ਰਾਬ ਆਦਿਕ) ਰੋਗ ਲਾਣ ਵਾਲੀਆਂ ਚੀਜ਼ਾਂ।2।

ਸੂਮ ਨੂੰ ਧਨ ਜੋੜ ਕੇ ਰੱਖਣ ਲਈ ਜੁੜਿਆ ਹੈ, (ਅਤੇ) ਮੂਰਖ (ਸੂਮ) ਆਖਦਾ ਹੈ—ਇਹ ਧਨ ਮੇਰਾ ਹੈ। (ਪਰ ਜਿਸ ਵੇਲੇ) ਜਮ ਦਾ ਡੰਡਾ ਸਿਰ ਤੇ ਆ ਵੱਜਦਾ ਹੈ ਤਦੋਂ ਇਕ ਪਲਕ ਵਿਚ ਫ਼ੈਸਲਾ ਕਰ ਦੇਂਦਾ ਹੈ (ਕਿ ਅਸਲ ਵਿਚ ਇਹ ਧਨ ਕਿਸੇ ਦਾ ਭੀ ਨਹੀਂ)।3।

ਜੋ ਮਨੁੱਖ ਪਰਮਾਤਮਾ ਦਾ ਸੇਵਕ (ਬਣ ਕੇ ਰਹਿੰਦਾ) ਹੈ, ਉਹ ਪਰਮਾਤਮਾ ਦਾ ਹੁਕਮ ਮੰਨ ਕੇ ਸੁਖ ਮਾਣਦਾ ਹੈ ਤੇ ਜਗਤ ਵਿਚ ਨੇਕ ਭਗਤ ਸਦਾਂਦਾ ਹੈ (ਭਾਵ, ਸੋਭਾ ਪਾਂਦਾ ਹੈ), ਪ੍ਰਭੂ ਦੀ ਰਜ਼ਾ ਮਨ ਵਿਚ ਵਸਾਂਦਾ ਹੈ, ਜੋ ਪ੍ਰਭੂ ਨੂੰ ਭਾਂਦਾ ਹੈ ਉਸੇ ਨੂੰ ਹੀ ਠੀਕ ਸਮਝਦਾ ਹੈ।4।

ਕਬੀਰ ਕਹਿੰਦਾ ਹੈ—ਹੇ ਸੰਤ ਜਨੋ! ਸੁਣੋ, "ਇਹ ਧਨ ਪਦਾਰਥ ਆਦਿਕ ਮੇਰਾ ਹੈ"—ਇਹ ਖ਼ਿਆਲ ਕੂੜਾ ਹੈ (ਭਾਵ, ਦੁਨੀਆ ਦੇ ਪਦਾਰਥਾਂ ਵਾਲੀ ਅਪਣੱਤ ਸਦਾ ਨਹੀਂ ਰਹਿ ਸਕਦੀ); (ਜਿਵੇਂ, ਜੇ) ਪਿੰਜਰੇ ਨੂੰ ਪਾੜ ਕੇ (ਕੋਈ ਬਿੱਲਾ) ਚਿੜੇ ਨੂੰ ਫੜ ਕੇ ਲੈ ਜਾਏ ਤਾਂ (ਉਸ ਪਿੰਜਰੇ-ਪਏ ਪੰਛੀ ਦੀ) ਕੁੱਜੀ ਤੇ ਠੂਠੀ ਧਰੀ ਹੀ ਰਹਿ ਜਾਂਦੀ ਹੈ (ਤਿਵੇਂ, ਮੌਤ ਆਇਆਂ ਬੰਦੇ ਦੇ ਖਾਣ-ਪੀਣ ਵਾਲੇ ਪਦਾਰਥ ਇਥੇ ਹੀ ਧਰੇ ਰਹਿ ਜਾਂਦੇ ਹਨ)।5।3। 16।